SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public



Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 33 | Monday, 24 February 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ



# ਹਸਪਤਾਲ ਤੋਂ ਲਾਪਤਾ 75 ਸਾਲਾ ਵਿਅਕਤੀ ਦੀ ਭਾਲ ਕਰ ਰਹੀ ਮਾਂਟਰੀਅਲ ਪੁਲਿਸ

ਮਾਂਟਰੀਅਲ, 23 ਫਰਵਰੀ (ਪੋਸਟ ਬਿਊਰੋ): ਮਾਂਟਰੀਅਲ ਪੁਲਸ ਇੱਕ ਲਾਪਤਾ 75 ਸਾਲਾ ਵਿਅਕਤੀ ਦੀ ਭਾਲ ਕਰ ਰਹੀ ਹੈ। ਪੁਲਿਸ ਮੁਤ-ਾਬਿਕ ਐਂਟੋਨੀਓ ਕਾਲੋਇਡਾਸ ਨੂੰ ਆਖਰੀ ਵਾਰ ਵੀਰਵਾਰ ਸਵੇਰੇ 11 ਵਜੇ ਦੇ ਕਰੀਬ ਰੋਜ਼ਮੋਂਟ-ਪੇਟਾਈਟ-ਪੈਟਰੀ ਦੇ ਇੱਕ ਹਸਪਤਾਲ ਤੋਂ ਬਾਹਰ ਨਿਕਲਦੇ ਦੇਖਿਆ ਗਿਆ ਸੀ। ਮੈਡੀਕਲ ਸਟਾਫ ਦਾ ਕਹਿਣਾ ਹੈ ਕਿ ਉਸਦੀ ਹਾਲਤ ਗੰਭੀਰ ਹੈ ਅਤੇ ਉਸਨੂੰ



ਜਲਦੀ ਤੋਂ ਜਲਦੀ ਹਸਪਤਾਲ ਵਾਪਿਸ ਆਉਣਾ ਚਾਹੀਦਾ ਹੈ।

ਪੁਲਿਸ ਅਨੁਸਾਰ ਕਾਲੋਇਡਾਸ ਮੁੱਖ ਤੌਰ 'ਤੇ ਯੂਨਾਨੀ ਬੋਲਦਾ ਹੈ ਅਤੇ ਉਸਨੂੰ ਗੱਲਬਾਤ ਕਰਨ ਵਿੱਚ ਮੁਸ਼ਕਿਲ ਆ ਸਕਦੀ ਹੈ, ਹਾਲਾਂਕਿ ਉਹ ਸਮਝਦਾ ਹੈ ਕਿ ਲੋਕ ਉਸਨੂੰ ਕੀ ਕਹਿੰਦੇ ਹਨ। ਉਹ ਲਗਭਗ 5 ਫੁੱਟ ਦਾ ਹੈ ਅਤੇ ਸਲੇਟੀ ਵਾਲਾਂ ਦੇ ਨਾਲ 160 ਪੌਂਡ ਭਾਰ ਦਾ ਹੈ। ਉਸਨੂੰ ਆਖਰੀ ਵਾਰ ਕਾਲੀ ਬੇਸਬਾਲ ਕੈਪ, ਕਾਲਾ ਕੋਟ ਅਤੇ ਕਾਲੀ ਪੈਂਟ ਪਹਿਨੇ ਦੇਖਿਆ ਗਿਆ ਸੀ। ਜਾਣਕਾਰੀ ਦੇਣ ਲਈ ਕੋਈ ਵੀ ਵਿਅਕਤੀ 911 ਜਾਂ ਸਥਾਨਕ ਪੁਲਿਸ ਸਟੇਸ਼ਨ 'ਚ ਕਾਲ ਕਰ ਸਕਦਾ ਹੈ।

# ਕਿਊਬਿਕ ਦੇ ਕੋਟ-ਨੋਰਡ ਵਿੱਚ ਦੋ ਸਨੋਮੋਬਾਈਲਾਂ ਦੀ ਟੱਕਰ ਵਿੱਚ 2 ਦੀ ਮੌਤ




ਕਿਊਬਿਕ, 23 ਫਰਵਰੀ (ਪੋਸਟ ਬਿਊਰੋ): ਕਿਊਬਿਕ ਦੇ ਕੋਟ-ਨੋਰਡ ਖੇਤਰ ਵਿੱਚ ਦੋ ਸਨੋਮੋਬਾਈਲਾਂ ਦੀ ਟੱਕਰ ਦੌਰਾਨ ਦੋ ਵਿਅਕਤੀਆਂ ਦੀ ਮੌਤ ਹੋ ਗਈ। ਪੁਲਿਸ ਨੂੰ ਸ਼ੁੱਕਰਵਾਰ ਰਾਤ ਲਗਭਗ 9 ਵਜੇ ਕਿਊਬਿਕ ਸ਼ਹਿਰ ਤੋਂ ਲਗਭਗ 240 ਕਿਲੋਮੀਟਰ ਉੱਤਰ-ਪੂਰਬ ਵਿੱਚ ਲੌਂਗੂ-ਰਿਵ ਵਿੱਚ ਇੱਕ ਟ੍ਰੇਲ 'ਤੇ ਦੋ ਸਨੋਮੋਬਾਈਲਾਂ ਵਿਚਕਾਰ ਆਹਮੋ-ਸਾਹਮਣੇ ਟੱਕਰ ਹੋਣ ਬਾਰੇ ਇੱਕ ਕਾਲ ਮਿਲੀ ਸੀ। ਕਿਊਬਿਕ ਸੂਬਾਈ ਪੁਲਿਸ ਬੁਲਾਰੇ ਕੈਮਿਲ ਸੇਵੋਈ ਦਾ ਕਹਿਣਾ ਹੈ ਕਿ ਜ਼ਖ਼ਮੀਆਂ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਮ੍ਰਿਤਕਾਂ ਦੀ ਪਛਾਣ ਇਕ 50 ਅਤੇ ਦੂਜਾ 66 ਸਾਲਾ ਵਿਅਕਤੀ ਵਜੋਂ ਹੋਈ ਹੈ।

# ਭਾਰਤੀ ਚੋਣਾਂ ਵਿੱਚ ਅਮਰੀਕੀ ਫੰਡਿੰਗ ’ਤੇ ਟਰੰਪ ਨੇ ਕਿਹਾ- ਮੇਰੇ ਦੋਸਤ ਮੋਦੀ ਨੂੰ 182 ਕਰੋੜ ਭੇਜੇ ਗਏ ਸਨ

ਵਾਸ਼ਿੰਗਟਨ, 23 ਫਰਵਰੀ (ਪੋਸ ਬਿਊਰੋ): ਟਰੰਪ ਨੇ ਚਾਰ ਦਿਨਾਂ ਵਿੱਚ ਚੌਥੀ ਵਾਰ ਭਾਰਤੀ ਚੋਣਾਂ ਵਿੱਚ ਅਮਰੀਕੀ ਫੰਡਿੰਗ 'ਤੇ ਸਵਾਲ ਚੁੱਕੇ ਹਨ। ਇਸ ਵਾਰ ਉਨ੍ਹਾਂ ਨੇ ਕਿਹਾ ਕਿ ਮੇਰੇ ਦੋਸਤ ਮੋਦੀ ਨੂੰ 182 ਕਰੋੜ ਰੁਪਏ ਭੇਜੇ ਗਏ ਹਨ। ਇਹ ਦੂਜੀ ਵਾਰ ਹੈ ਜਦੋਂ ਟਰੰਪ ਨੇ ਇਸ ਮਾਮਲੇ ਵਿੱਚ ਮੋਦੀ ਦਾ ਨਾਮ ਲਿਆ ਹੈ।

ਟਰੰਪ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਇਹ ਫੰਡ ਭਾਰਤ ਵਿੱਚ ਵੋਟਰਾਂ ਦੀ ਗਿਣਤੀ ਵਧਾਉਣ ਲਈ ਦਿੱਤੇ ਗਏ ਸਨ। ਅਤੇ ਸਾਡਾ ਕੀ? ਸਾਨੂੰ ਅਮਰੀਕਾ ਵਿੱਚ ਵੋਟਰਾਂ ਦੀ ਗਿਣਤੀ ਵਧਾਉਣ ਲਈ ਵੀ ਪੈਸੇ ਦੀ ਲੋੜ ਹੈ।

ਇਸ ਤੋਂ ਇਲਾਵਾ ਟਰੰਪ ਨੇ ਬੰਗਲਾਦੇਸ਼ ਨੂੰ ਭੇਜੇ ਗਏ 250 ਕਰੋੜ



ਰੁਪਏ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਬੰਗਲਾਦੇਸ਼ ਵਿੱਚ ਰਾਜਨੀਤਕ ਮਾਹੌਲ ਨੂੰ ਮਜ਼ਬੂਤ ਕਰਨ ਲਈ, ਇਹ ਫੰਡ ਇੱਕ ਅਜਿਹੇ ਸੰਗਠਨ ਨੂੰ ਭੇਜਿਆ ਗਿਆ ਸੀ ਜਿਸਦਾ ਨਾਮ ਕਿਸੇ ਨੇ ਨਹੀਂ ਸੁਣਿਆ ਸੀ।

ਟਰੰਪ ਨੇ ਕਿਹਾ ਕਿ ਇਨੇ ਪੈਸੇ ਇੱਕ ਅਜਿਹੀ ਸੰਸਥਾ ਨੂੰ ਮਿਲੇ ਜਿੱਥੇ ਸਿਰਫ਼ ਦੋ ਲੋਕ ਕੰਮ ਕਰਦੇ ਹਨ। ਉਹ ਇੱਧਰ-ਉੱਧਰ ਤੋਂ 10-20 ਹਜ਼ਾਰ ਰੁਪਏ ਇਕੱਠੇ ਕਰ ਰਹੇ ਸਨ ਅਤੇ ਅਚਾਨਕ ਉਸਨੂੰ ਅਮਰੀਕੀ ਸਰਕਾਰ ਤੋਂ 250 ਕਰੋੜ ਰੁਪਏ ਮਿਲ ਗਏ। ਮੈਨੂੰ ਲੱਗਦਾ ਹੈ ਕਿ ਉਹ ਦੋਵੇਂ ਅਮੀਰ ਹੋ ਕੇ ਬਹੁਤ ਖੁਸ਼ ਹੋਣਗੇ। ਜਲਦੀ ਹੀ ਉਨ੍ਹਾਂ ਦੀ ਤਸਵੀਰ ਇੱਕ ਵਪਾਰਕ ਮੈਗਜ਼ੀਨ ਵਿੱਚ ਪ੍ਰਕਾਸ਼ਿਤ ਹੋਵੇਗੀ।

# ਆਤਿਸ਼ੀ ਹੋਣਗੇ ਵਿਰੋਧੀ ਧਿਰ ਦੇ ਆਗੂ



ਨਵੀਂ ਦਿੱਲੀ, 23 ਫਰਵਰੀ (ਪੋਸਟ ਬਿਊਰੋ): ਦਿੱਲੀ ਦੇ ਕਾਲਕਾਜੀ ਹਲਕੇ ਤੋਂ ਵਿਧਾਇਕ ਆਤਿਸ਼ੀ ਨੂੰ ਦਿੱਲੀ ਅਸੈਂਬਲੀ ਵਿਚ ਵਿਰੋਧੀ ਧਿਰ ਦੀ ਆਗੂ ਚੁਣਿਆ ਗਿਆ ਹੈ। ਇੱਥੇ ਆਮ ਆਦਮੀ ਪਾਰਟੀ ਦੇ ਨਵਨਿਯੁਕਤ ਵਿਧਾਇਕਾਂ ਦੀ ਹੋਈ ਬੈਠਕ ਦੌਰਾਨ ਇਹ ਫੈਸਲਾ ਲਿਆ ਗਿਆ। ਉਂਝ ਮੀਟਿੰਗ ਵਿਚ ‘ਆਪ’ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਪਾਰਟੀ ਦੇ 22 ਵਿਧਾਇਕ ਮੌਜੂਦ ਸਨ। ਦਿੱਲੀ ਅਸੈਂਬਲੀ ਦਾ ਪਹਿਲਾ ਸੈਸ਼ਨ 24 ਫਰਵਰੀ ਤੋਂ ਸ਼ੁਰੂ ਹੋਵੇਗਾ। ਚੇਤੇ ਰਹੇ ਕਿ ਸੱਤਾਧਾਰੀ ਭਾਜਪਾ ਸਰਕਾਰ ਨੇ ਪਿਛਲੇ ਦਿਨੀਂ ਕਿਹਾ ਸੀ ਕਿ ਤਿੰਨ ਰੋਜ਼ਾ ਸੈਸ਼ਨ ਦੌਰਾਨ ਪਿਛਲੀ ‘ਆਪ’ ਸਰਕਾਰ ਦੀ ਕਾਰਗੁਜ਼ਾਰੀ ਨੂੰ ਲੈ ਕੇ ਬਕਾਇਆ ਕੈਗ ਰਿਪੋਰਟਾਂ ਸਦਨ ਵਿੱਚ ਪੇਸ਼ ਕੀਤੀਆਂ ਜਾਣਗੀਆਂ। ਭਾਜਪਾ ਨੇ 5 ਫਰਵਰੀ ਨੂੰ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ 70 ਵਿੱਚੋਂ 48 ਸੀਟਾਂ ਜਿੱਤ ਕੇ ‘ਆਪ’ ਨੂੰ ਦਿੱਲੀ ਦੀ ਸੱਤਾ ’ਚੋਂ ਬਾਹਰ ਕਰ ਦਿੱਤਾ ਸੀ।

# ਟੋਰਾਂਟੋ ਦੇ ਮੌਸ ਪਾਰਕ ਨੇੜੇ ਗੰਭੀਰ ਜ਼ਖ਼ਮੀ ਹਾਲਤ ’ਚ ਮਿਲਿਆ ਬਜ਼ੁਰਗ

ਟੋਰਾਂਟੋ, 23 ਫਰਵਰੀ (ਪੋਸਟ ਬਿਊਰੋ): ਟੋਰਾਂਟੋ ਦੇ ਡਾਊਨਟਾਊਨ ਈਸਟ ਏਰੀਆ ਵਿੱਚ ਸ਼ਨੀਵਾਰ ਬਾਅਦ ਦੁਪਹਿਰ 60 ਸਾਲ ਦੇ ਇੱਕ ਵਿਅਕਤੀ ਨੂੰ ਗੰਭੀਰ ਸੱਟਾਂ ਲੱਗਣ ਦੀ ਸੂਚਨਾ ਮਿਲੀ ਹੈ। ਘਟਨਾ ਸ਼ੇਰਬੋਰਨ ਅਤੇ ਸੂਟਰ ਸਟ੍ਰੀਟ ਦੇ ਖੇਤਰ ਵਿੱਚ ਮੌਸ ਪਾਰਕ ਦੇ ਨੇੜੇ ਵਾਪਰੀ। ਟੋਰਾਂਟੋ ਪੁਲਿਸ ਨੇ ਕਿਹਾ ਕਿ ਸ਼ਾਮ 6 ਵਜੇ ਦੇ ਕਰੀਬ ਉਨ੍ਹਾਂ ਨੂੰ ਘਟਨਾ ਸਥਾਨ ’ਤੇ ਬੁਲਾਇਆ ਗਿਆ ਸੀ। ਜਾਂਚਕਰਤਾਵਾਂ ਨੇ ਸ਼ੁਰੂ ਵਿੱਚ ਕਿਹਾ ਸੀ ਕਿ ਪੀੜਤ ਨੂੰ




ਚਾਕੂ ਮਾਰਿਆ ਗਿਆ ਸੀ, ਪਰ ਬਾਅਦ ਵਿੱਚ ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਪੀੜਤ ਦੇ ਜ਼ਖ਼ਮ ਚਾਕੂ ਨਾਲ ਹਮਲੇ ਦੇ ਨਹੀਂ ਸਨ। ਪੁਲਸ ਦਾ ਕਹਿਣਾ ਹੈ ਕਿ ਘਟਨਾ ਦੇ ਕਾਰਨਾਂ ਦਾ ਹਾਲੇ ਪਤਾ ਨਹੀਂ ਲੱਗ ਸਕਿਆ ਹੈ।

# ਗਾਇਕ ਅਤੇ ਅਦਾਕਾਰ ਗੁਰੂ ਰੰਧਾਵਾ ਸ਼ੂਟਿੰਗ ਦੌਰਾਨ ਹੋਏ ਜ਼ਖ਼ਮੀ

ਮੁੰਬਈ, 23 ਫਰਵਰੀ (ਪੋਸਟ ਬਿਊਰੋ): ਗਾਇਕ ਅਤੇ ਅਦਾਕਾਰ ਗੁਰੂ ਰੰਧਾਵਾ ਫ਼ਿਲਮ ‘ਸ਼ੌਂਕੀ ਸਰਦਾਰ’ ਦੀ ਸ਼ੂਟਿੰਗ ਦੌਰਾਨ ਐਕਸ਼ਨ ਸੀਕੁਐਂਸ ਦੌਰਾਨ ਜ਼ਖ਼ਮੀ ਹੋ ਗਿਆ ਹੈ। ਰੰਧਾਵਾ ਨੇ ਆਪਣੇ ਇੰਸਟਾਗ੍ਰਾਮ ਖਾਤੇ ’ਤੇ ਇਹ ਖ਼ਬਰ ਸਾਂਝੀ ਕਰਦਿਆਂ ਹਸਪਤਾਲ ਦੀ ਆਪਣੀ ਇਕ ਤਸਵੀਰ ਸ਼ੇਅਰ ਕੀਤੀ ਹੈ।

ਤਸਵੀਰ ਵਿਚ ਉਨ੍ਹਾਂ ਦੇ ਚਿਹਰੇ ’ਤੇ ਸੱਟ ਦੇ ਨਿਸ਼ਾਨ ਦਿਖਾਈ ਦੇ ਰਹੇ ਹਨ। ਉਨ੍ਹਾਂ ਦੀ ਗਰਦਨ ਦੁਆਲੇ ਕਾਲਰ ਹੈ ਤੇ ਸਰੀਰ ’ਤੇ ਪੱਟੀਆਂ ਬੰਨ੍ਹੀਆਂ ਹਨ। ਰੰਧਾਵਾ ਨੇ ਤਸਵੀਰ ਹੇਠਾਂ ਕੈਪਸ਼ਨ ਲਿਖੀ ਕਿ ‘ਮੇਰਾ ਪਹਿਲ ਸਟੰਟ, ਮੇਰੀ ਪਹਿਲੀ ਸੱਟ, ਪਰ ਮੇਰਾ ਹੌਂਸਲਾ ਅਟੁੱਟ ਹੈ। ‘ਸ਼ੌਂਕੀ ਸਰਦਾਰ’ ਫ਼ਿਲਮ ਦੇ ਸੈੱਟ ਦੀ ਯਾਦਗਾਰ। ਐਕਸ਼ਨ ਵਾਲਾ ਕੰਮ ਬਹੁਤ ਮੁਸ਼ਕਿਲ ਹੈ, ਪਰ ਮੈਂ ਆਪਣੇ ਦਰਸ਼ਕਾਂ ਲਈ ਸਖ਼ਤ ਮਿਹਨਤ ਕਰਦਾ ਰਹਾਂਗਾ।’

# ਰਾਸ਼ਟਰਪਤੀ ਟਰੰਪ ਨੇ ਸਭ ਤੋਂ ਵੱਡੇ ਫੌਜੀ ਅਧਿਕਾਰੀ ਨੂੰ ਹਟਾਇਆ

ਵਾਸ਼ਿੰਗਟਨ, 23 ਫਰਵਰੀ (ਪੋਸਟ ਬਿਊਰੋ): ਡੋਨਾਲਡ ਟਰੰਪ ਨੇ ਸ਼ੁੱਕਰਵਾਰ ਰਾਤ ਨੂੰ ਅਚਾਨਕ ਦੇਸ਼ ਦੇ ਉੱਚ ਫੌਜੀ ਅਧਿਕਾਰੀ ਨੂੰ ਹਟਾ ਦਿੱਤਾ। ਇਸ ਅਧਿਕਾਰੀ ਦਾ ਨਾਮ ਚਾਰਲਸ ਸੀ. ਕਿਊ. ਬ੍ਰਾਊਨ ਜੂਨੀਅਰ ਹੈ, ਜੋਕਿ ਫੌਜ ਦੇ ਜੁਆਇੰਟ ਚੀਫ਼ਸ ਆਫ਼ ਸਟਾਫ (ਜੇਸੀਐੱਸ) ਦੇ ਚੇਅਰਮੈਨ ਸਨ।

ਜੇਸੀਐੱਸ ਅਮਰੀਕੀ ਰੱਖਿਆ ਵਿਭਾਗ ਦੇ ਸਭ ਤੋਂ ਸੀਨੀਅਰ ਫੌਜੀ ਨੇਤਾਵਾਂ ਦਾ ਇੱਕ ਸਮੂਹ ਹੈ। ਇਹ ਸਮੂਹ ਰਾਸ਼ਟਰਪਤੀ, ਰੱਖਿਆ ਸਕੱਤਰ, ਗ੍ਰਹਿ ਸੁਰੱਖਿਆ ਪ੍ਰੀਸ਼ਦ ਅਤੇ ਰਾਸ਼ਟਰੀ ਸੁਰੱਖਿਆ ਪ੍ਰੀਸ਼ਦ ਨੂੰ ਫੌਜੀ ਮਾਮਲਿਆਂ ਬਾਰੇ ਸਲਾਹ ਦਿੰਦਾ ਹੈ।



ਸੀਕਿਊ ਬ੍ਰਾਊਨ ਨੇ 2020 ਵਿੱਚ ਬਲੈਕ ਲਾਈਵਜ਼ ਮੈਟਰ ਅੰਦੋਲਨ ਦਾ ਜਨਤਕ ਤੌਰ 'ਤੇ ਸਮਰਥਨ ਕੀਤਾ। ਇਹ ਅੰਦੋਲਨ ਕਾਲੇ ਆਦਮੀ ਜਾਰਜ ਫਲਾਇਡ ਦੀ ਹੱਤਿਆ ਤੋਂ ਬਾਅਦ ਸ਼ੁਰੂ ਹੋਇਆ ਸੀ। ਸੀਕਿਊ ਉਸ ਸਮੇਂ ਹਵਾਈ ਸੈਨਾ ਦੇ ਚੀਫ਼ ਆਫ਼ ਸਟਾਫ਼ ਸਨ।

ਉਸ ਸਮੇਂ ਟਰੰਪ ਰਾਸ਼ਟਰਪਤੀ ਸਨ। ਇਸ ਅੰਦੋਲਨ ਨੂੰ 2020 ਦੀਆਂ ਚੋਣਾਂ ਵਿੱਚ ਟਰੰਪ ਦੀ ਹਾਰ ਵਿੱਚ ਵੱਡੀ ਭੂਮਿਕਾ ਨਿਭਾਈ ਮੰਨਿਆ ਜਾਂਦਾ ਹੈ।

ਟਰੰਪ ਨੇ ਬ੍ਰਾਊਨ ਦੀ ਥਾਂ 'ਤੇ ਸੇਵਾਮੁਕਤ ਹਵਾਈ ਸੈਨਾ ਜਨਰਲ ਡੈਨ ਕੇਨ ਨੂੰ ਜੇਸੀਐਸ ਚੇਅਰਮੈਨ ਨਿਯੁਕਤ ਕੀਤਾ। ਟਰੰਪ ਅਤੇ ਡੈਨ ਕੇਨ 2018 ਵਿੱਚ ਇਰਾਕ ਵਿੱਚ ਮਿਲੇ ਸਨ। ਫਿਰ ਕੇਨ ਨੇ ਕਿਹਾ ਸੀ ਕਿ ਉਹ ਟਰੰਪ ਲਈ ਆਪਣੀ ਜਾਨ ਵੀ ਕੁਰਬਾਨ ਕਰ ਸਕਦਾ ਹੈ। ਟਰੰਪ ਨੇ ਬਾਇਡਨ ਸਰਕਾਰ 'ਤੇ ਦੋਸ਼ ਲਗਾਇਆ ਕਿ ਡੈਨ ਕੇਨ ਨੂੰ ਇਸ ਲਈ ਤਰੱਕੀ ਨਹੀਂ ਦਿੱਤੀ ਗਈ ਕਿਉਂਕਿ ਉਹ ਮੇਰੇ ਨੇੜੇ ਸੀ। ਉਹ 4 ਸਟਾਰ ਅਫਸਰ ਬਣਨ ਦੇ ਯੋਗ ਸੀ।

# ਟਰੈਕਟਰ ਅਤੇ ਬੱਸ ਦੇ ਹਾਦਸੇ ਵਿੱਚ ਮਾਰੇ ਗਏ ਕਿਸਾਨ ਨੂੰ ਆਰਥਿਕ ਸਹਾਇਤਾ ਦਵੇਗੀ ਸਰਕਾਰ : ਧਾਲੀਵਾਲ

## ਸੱਕੀ ਨਾਲੇ ਦਾ ਪੁੱਲ ਵੀ ਕੀਤਾ ਜਾਵੇਗਾ ਚੌੜਾ



ਅਜਨਾਲਾ, 23 ਫਰਵਰੀ(ਗਿਆਨ ਸਿੰਘ) ਅਜਨਾਲਾ ਸੱਕੀ ਨਾਲਾ ਪੁੱਲ 'ਤੇ ਟਰੈਕਟਰ ਟਰਾਲੀ ਅਤੇ ਬੱਸ ਵਿਚਾਲੇ ਹੋਈ ਦੁਰਘਟਨਾਂ 'ਚ ਮਾਰੇ ਗਏ 42 ਸਾਲਾ ਕਿਸਾਨ ਬਲਜੀਤ ਸਿੰਘ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਪਰਿਵਾਰ ਦੀ ਆਰਥਿਕ ਸਹਾਇਤਾ ਕਰੇਗੀ ਉਨ੍ਹਾਂ ਕਿਹਾ ਕਿ ਬੀਤੀ ਰਾਤ ਵਾਪਰੇ ਇਸ ਹਾਦਸੇ ਬਾਰੇ ਸੁਣ ਕੇ ਬਹੁਤ ਦੁੱਖ ਲੱਗਾ ਅਤੇ ਅੱਜ ਮੈਂ ਮੌਕੇ 'ਤੇ ਜਾ ਕੇ ਵੇਖਿਆ ਤਾਂ ਪਤਾ ਲੱਗਾ ਕਿ ਹਾਦਸੇ ਦਾ ਕਾਰਨ ਪੁੱਲ ਦੀ ਘੱਟ ਚੌੜਾਈ ਸੀ। ਉਹਨਾਂ ਕਿਹਾ ਕਿ ਅਸੀਂ ਇਸ ਪੁਲ ਨੂੰ ਚੌੜਾ ਵੀ ਕਰਾਂਗੇ ਅਤੇ ਬਲਜੀਤ ਸਿੰਘ ਦੇ ਪਰਿਵਾਰ ਦੀ ਵੀ ਪੂਰੀ ਮਦਦ ਕਰਾਂਗੇ।

ਧਾਲੀਵਾਲ ਨੇ ਕਿਹਾ ਕਿ ਕਿਸੇ ਵੀ ਪਰਿਵਾਰ ਦੇ ਕਮਾਊ ਮੈਂਬਰ ਦੇ ਤੁਰ ਜਾਣ ਨਾਲ ਪਰਿਵਾਰ ਉੱਤੇ ਦੁੱਖਾਂ ਦਾ ਪਹਾੜ ਤਾਂ ਟੁੱਟਦਾ ਹੀ ਹੈ, ਇਸ ਦੇ ਨਾਲ ਨਾਲ ਪਰਿਵਾਰ ਆਰਥਿਕ ਤੌਰ ਤੇ ਵੀ ਟੁੱਟ ਜਾਂਦਾ ਹੈ। ਇਸ ਲਈ ਜ਼ਰੂਰੀ ਹੈ ਕਿ ਸਰਕਾਰ ਇਨ੍ਹਾਂ ਦੀ ਸੰਭਵ ਮਦਦ ਕਰੇ ਤਾਂ ਜੋ ਇਹ ਮੁੜ ਪੈਰਾਂ ’ਤੇ ਖੜੇ ਹੋ ਸਕਣ।





















# ਨਿਵਾਸ ਲੌਂਗ-ਟਰਮ ਕੇਅਰ ਨੇ 160 ਬਿਸਤਰਿਆਂ ਵਾਲੇ ਹੋਮ ਦੀ ਉਸਾਰੀ ਦਾ ਰੱਖਿਆ ਨੀਂਹ ਪੱਥਰ

## ਸਥਾਨਕ ਐਮਪੀਪੀਜ਼ ਸਮੇਤ ਕਈ ਪਤਵੰਤਿਆਂ ਨੇ ਕੀਤੀ ਸ਼ਿਰਕਤ













ਬਰੈਂਪਟਨ, 23 ਫਰਵਰੀ (ਪੋਸਟ ਬਿਊਰੋ): ਨਿਵਾਸ ਲੌਂਗ-ਟਰਮ ਕੇਅਰ (ਨਿਵਾਸ ਐਲਟੀਸੀ) ਜੋਕਿ ਓਂਟਾਰੀਓ ਦਾ ਪਹਿਲਾ ਸਿੱਖ-ਪੰਜਾਬੀ ਕੇਂਦ੍ਰਿਤ ਲੌਂਗ ਟਰਮ ਕੇਅਰ ਹੋਮ ਹੈ, ਨੇ ਬੀਤੇ ਦਿਨੀਂ ਅਧਿਕਾਰਤ ਤੌਰ 'ਤੇ ਸੀਨੀਅਰ ਕੇਅਰ ਪ੍ਰਦਾਨ ਕਰਨ ਵਾਲੀ ਆਪਣੀ 160-ਬਿਸਤਰਿਆਂ ਵਾਲੇ ਹੋਮ ਦਾ ਨੀਂਹ ਪੱਥਰ ਰੱਖਿਆ ਹੈ। ਬਰੈਂਪਟਨ ਵਿੱਚ 380 ਫਰਨਫੋਰੈਸਟ ਡਰਾਈਵ 'ਤੇ ਸਥਿਤ ਨਵਾਂ ਘਰ, ਸਿੱਖ-ਪੰਜਾਬੀ ਪਰੰਪਰਾਵਾਂ ਅਤੇ ਕਦਰਾਂ-ਕੀਮਤਾਂ ਨੂੰ ਸੁਰੱਖਿਅਤ ਰੱਖਦੇ ਹੋਏ ਹਮਦਰਦੀ ਭਰੀ, ਭਾਈਚਾਰਕ-ਕੇਂਦ੍ਰਿਤ ਦੇਖਭਾਲ ਦੀ ਪੇਸ਼ਕਸ਼ ਕਰੇਗਾ।

ਨੀਂਹ ਪੱਥਰ ਸਮਾਰੋਹ ਸ਼ਨੀਵਾਰ 15 ਫਰਵਰੀ ਨੂੰ ਸ੍ਰੀ ਗੁਰੂ ਨਾਨਕ ਸਿੱਖ ਸੈਂਟਰ ਬਰੈਂਪਟਨ ਵਿਖੇ ਅਖੰਡ ਪਾਠ ਭੋਗ ਤੇ ਅਰਦਾਸ ਨਾਲ ਸ਼ੁਰੂ ਹੋਇਆ। ਸਮਾਗਮ ਵਿੱਚ ਕਮਿਊਨਿਟੀ ਮੈਂਬਰ (ਸੰਗਤ), ਪ੍ਰੋਜੈਕਟ ਵਲੰਟੀਅਰ, ਓਨਟਾਰੀਓ ਗੁਰ-ਦੁਆਰਾ ਕਮੇਟੀ, ਨਿਵਾਸ ਫਾਊਂਡੇਸ਼ਨ ਅਤੇ ਨਿਵਾਸ ਐਲਟੀਸੀ ਬੋਰਡ ਆਫ਼ ਡਾਇਰੈਕਟਰਜ਼ ਦੇ ਮੈਂਬਰ ਸ਼ਾਮਲ ਹੋਏ। ਸਥਾਨਕ ਸੰਸਦ ਮੈਂਬਰ, ਐਮਪੀਪੀ ਅਤੇ ਬਰੈਂਪਟਨ ਸਿਟੀ ਕੌਂਸਲਰ ਵੀ ਇਸ ਇਤਿਹਾਸਕ ਮੌਕੇ ਸ਼ਾਮਿਲ ਹੋਏ।

ਪ੍ਰੋਜੈਕਟ ਨੂੰ ਮਿਊਂਸੀਪਲ ਅਤੇ ਸੂਬਾਈ ਸਰਕਾਰਾਂ ਦੋਨਾਂ ਤੋਂ ਮਜ਼ਬੂਤ ਸਮਰਥਨ ਪ੍ਰਾਪਤ ਹੋਇਆ ਹੈ, ਜਿਸ ਵਿੱਚ ਬਰੈਂਪਟਨ ਸ਼ਹਿਰ ਨੇ ਵਿਕਾਸ ਖ਼ਰਚਿਆਂ ਵਿੱਚ ਲਗਭਗ 2 ਮਿਲੀਅਨ ਡਾਲਰ ਮੁਆਫ਼ ਕਰ ਦਿੱਤੇ ਹਨ ਅਤੇ ਓਂਟਾਰੀਓ ਸਰਕਾਰ ਨੇ ਸਹੂਲਤ ਦੇ ਨਿਰਮਾਣ ਲਈ 12 ਮਿਲੀਅਨ ਡਾਲਰ ਤੋਂ ਵੱਧ ਦਾ ਯੋਗਦਾਨ ਪਾਇਆ ਹੈ।

ਇਸ ਨਿਰਮਾਣ ਦਾ ਅਧਿਕਾਰਤ ਨੀਂਹ ਪੱਥਰ ਸਮਾਗਮ 16 ਫਰਵਰੀ ਨੂੰ ਨਿਵਾਸ ਐਲਟੀਸੀ ਬੋਰਡ ਆਫ਼ ਡਾਇਰੈਕਟਰਜ਼ ਨੇ ਸਹੂਲਤ ਦੇ ਭਵਿੱਖੀ ਸਥਾਨ 'ਤੇ ਹੋਇਆ। ਸਮਾਗਮ ਦੌਰਾਨ ਸ੍ਰੀ ਗੁਰੂ ਨਾਨਕ ਸਿੱਖ ਸੈਂਟਰ ਬਰੈਂਪਟਨ, ਨਿਵਾਸ ਐਲਟੀਸੀ ਪ੍ਰੋਜੈਕਟ ਟੀਮ, ਵਲੰਟੀਅਰ ਅਤੇ ਮੁੱਖ ਹਿੱਸੇਦਾਰਾਂ, ਸਟਿੰਗਰੇ ਆਰਕੀਟੈਕਟਸ ਇੰਕ. ਅਤੇ ਮੇਸਟਾਰ ਜਨਰਲ ਕੰਟਰੈਕਟਰਜ਼ ਦੇ ਪ੍ਰਤੀਨਿਧੀਆਂ ਨੇ ਹਿੱਸਾ ਲਿਆ।

ਸਮਾਰੋਹ ਦੌਰਾਨ ਅਨੰਦ ਸਾਹਿਬ ਦੇ ਪਾਠ ਕੀਤਾ ਗਿਆ, ਜਿਸ ਤੋਂ ਬਾਅਦ ਅਰਦਾਸ ਕੀਤੀ ਗਈ। ਉਪਰੰਤ ਪੰਜ ਪਿਆਰਿਆਂ ਨੇ ਸਮਾਗਮ ਦੀ ਨੁਮਾਇੰਦਗੀ ਕੀਤੀ।

ਨਿਵਾਸ ਫਾਊਂਡੇਸ਼ਨ ਦੇ ਚੇਅਰ ਅਤੇ ਬਰੈਂਪਟਨ ਦੇ ਡਿਪਟੀ ਮੇਅਰ ਹਰਕੀਰਤ ਸਿੰਘ ਨੇ ਕਿਹਾ ਕਿ ਓਂਟਾਰੀਓ ਦੇ ਪਹਿਲੇ ਸਿੱਖ-ਪੰਜਾਬੀ ਲੌਂਗ ਟਰਮ ਕੇਅਰ ਘਰ ਖੋਲ੍ਹਣ ਦੀ ਸਾਡੀ ਯਾਤਰਾ 'ਤੇ ਇੱਕ ਯਾਦਗਾਰੀ ਕਦਮ ਹੈ। ਨਿਵਾਸ ਐਲਟੀਸੀ ਬਜ਼ੁਰਗਾਂ ਦੀ ਦੇਖਭਾਲ ਵਿੱਚ ਉੱਤਮਤਾ ਲਈ ਵਚਨਬੱਧ ਹੈ ਇਹ ਯਕੀਨੀ ਬਣਾਏਗਾ ਕਿ ਨਿਵਾਸੀਆਂ ਨੂੰ ਉਨ੍ਹਾਂ ਦੀਆਂ ਧਾਰਮਿਕ ਅਤੇ ਸੱਭਿਆਚਾਰਕ ਜ਼ਰੂਰਤਾਂ ਦੇ ਅਨੁਸਾਰ ਉੱਚ-ਗੁਣਵੱਤਾ ਵਾਲੀਆਂ ਸੇਵਾਵਾਂ ਪ੍ਰਾਪਤ ਹੋਣ।

ਨਿਵਾਸ ਲੌਂਗ ਟਰਮ ਕੇਅਰ ਬਾਰੇ ਵਧੇਰੇ ਜਾਣਕਾਰੀ ਅਤੇ ਅਪਡੇਟਸ ਲਈ niwaas.ca 'ਤੇ ਜਾਓ ਜਾਂ info@niwaas.ca 'ਤੇ ਈਮੇਲ ਕਰੋ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

TechSpirit

Consultation, Installation & Servicing



Specialized in:
• Analog & IP security cameras • Installation & Maintenance, Upgrade • Video Doorbell Installation

Call: 905-621-4100
7-8770 The Gore Road, Brampton, ON L6P 0B1



1080p HD ਦੇ 4 ਸਿਕਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

# ਸੁਪਰੀਮ ਕੋਰਟ ਨੇ ਕਿਹਾ- ਭ੍ਰਿਸ਼ਟਾਚਾਰ ਦੇ ਹਰ ਕੇਸ ’ਚ ਮੁੱਢਲੀ ਜਾਂਚ ਜ਼ਰੂਰੀ ਨਹੀਂ



ਨਵੀਂ ਦਿੱਲੀ, 23 ਫਰਵਰੀ (ਪੋਸਟ ਬਿਊਰੋ): ਦੇਸ਼ ਦੀ ਸਰਵਉੱਚ ਅਦਾਲਤ ਨੇ ਕਿਹਾ ਕਿ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਤਹਿਤ ਦਰਜ ਹਰ ਮਾਮਲੇ ਵਿੱਚ ਮੁੱਢਲੀ ਜਾਂਚ ਕਰਨਾ ਲਾਜ਼ਮੀ ਨਹੀਂ ਹੈ ਅਤੇ ਇਹ ਦੋਸ਼ੀ ਦਾ ਨਿਹਿਤ ਅਧਿਕਾਰ ਨਹੀਂ ਹੈ।

ਅਦਾਲਤ ਨੇ ਕਿਹਾ ਕਿ ਭਾਵੇਂ ਭ੍ਰਿਸ਼ਟਾਚਾਰ ਰੋਕਥਾਮ (ਪੀਸੀ) ਐਕਟ ਅਧੀਨ ਦਰਜ ਮਾਮਲਿਆਂ ਸਣੇ ਕੁਝ ਸ਼੍ਰੇਣੀਆਂ ਦੇ ਮਾਮਲਿਆਂ ਵਿੱਚ ਮੁੱਢਲੀ ਜਾਂਚ ਜ਼ਰੂਰੀ ਹੈ ਪਰ ਇਹ ਅਪਰਾਧਿਕ ਕੇਸ ਦਰਜ ਕਰਨ ਲਈ ਲਾਜ਼ਮੀ ਨਹੀਂ ਹੈ। ਅਦਾਲਤ ਨੇ ਕਿਹਾ ਕਿ ਮੁੱਢਲੀ ਜਾਂਚ ਜ਼ਰੂਰੀ ਹੈ ਜਾਂ ਨਹੀਂ, ਇਹ ਫ਼ੈਸਲਾ ਹਰੇਕ ਮਾਮਲੇ ਦੇ ਤੱਥਾਂ ਅਤੇ ਹਾਲਾਤਾਂ ਅਨੁਸਾਰ ਵੱਖ-ਵੱਖ ਹੋਵੇਗਾ। ਜਸਟਿਸ ਦਿਪਾਂਕਰ ਦੱਤਾ ਅਤੇ ਸੰਦੀਪ ਮਹਿਤਾ ਦੇ ਬੈਂਚ ਨੇ ਕਿਹਾ ਕਿ ਮੁੱਢਲੀ ਜਾਂਚ ਦਾ ਉਦੇਸ਼ ਪ੍ਰਾਪਤ ਜਾਣਕਾਰੀ ਦੀ ਸੱਚਾਈ ਦੀ ਪੁਸ਼ਟੀ ਕਰਨਾ ਨਹੀਂ ਹੈ, ਸਗੋਂ ਸਿਰਫ਼ ਇਹ ਪਤਾ ਲਗਾਉਣਾ ਹੈ ਕਿ ਕੀ ਇਸ ਜਾਣਕਾਰੀ ਨੇ ਕਿਸੇ ਅਪਰਾਧ ਦੇ ਹੋਣ ਦਾ ਖੁਲਾਸਾ ਕੀਤਾ ਹੈ।

ਬੈਂਚ ਨੇ 17 ਫਰਵਰੀ ਨੂੰ ਦਿੱਤੇ ਆਪਣੇ ਫੈਸਲੇ ਵਿੱਚ ਕਿਹਾ ਕਿ ਪੀਸੀ ਐਕਟ ਤਹਿਤ ਹਰ ਮਾਮਲੇ ਵਿੱਚ ਮੁੱਢਲੀ ਜਾਂਚ ਲਾਜ਼ਮੀ ਨਹੀਂ ਹੈ।’’ ਉਨ੍ਹਾਂ ਕਿਹਾ ਕਿ ਜੇਕਰ ਕੋਈ ਉੱਚ ਅਧਿਕਾਰੀ ਕਿਸੇ ਸਰੋਤ ਜਾਣਕਾਰੀ ਰਿਪੋਰਟ ਦੇ ਕਬਜ਼ੇ ਵਿੱਚ ਹੈ, ਜੋ ਕਿ ਵਿਸਤ੍ਰਿਤ ਅਤੇ ਤਰਕਪੂਰਨ ਹੈ ਅਤੇ ਇਸ ਤਰ੍ਹਾਂ ਕਿ ਕੋਈ ਵੀ ਵਾਜਬ ਵਿਅਕਤੀ ਇਹ ਵਿਚਾਰ ਕਰੇਗਾ ਕਿ ਇਹ ਪਹਿਲੀ ਨਜ਼ਰੇ ਇੱਕ ਗੰਭੀਰ ਅਪਰਾਧ ਦੇ ਕਮਿਸ਼ਨ ਦਾ ਖੁਲਾਸਾ ਕਰਦਾ ਹੈ, ਤਾਂ ਮੁੱਢਲੀ ਪੁੱਛਗਿੱਛ ਤੋਂ ਬਚਿਆ ਜਾ ਸਕਦਾ ਹੈ।

ਸਿਖਰਲੀ ਅਦਾਲਤ ਨੇ ਕਰਨਾਟਕ ਸਰਕਾਰ ਵੱਲੋਂ ਦਾਇਰ ਅਪੀਲ ’ਤੇ ਆਪਣਾ ਫ਼ੈਸਲਾ ਸੁਣਾਇਆ, ਜਿਸ ਵਿੱਚ ਰਾਜ ਹਾਈ ਕੋਰਟ ਦੇ ਮਾਰਚ, 2024 ਦੇ ਫ਼ੈਸਲੇ ਨੂੰ ਚੁਣੌਤੀ ਦਿੱਤੀ ਗਈ ਸੀ। ਹਾਈ ਕੋਰਟ ਨੇ ਕਰਨ-ਾਟਕ ਲੋਕਾਯੁਕਤ ਪੁਲੀਸ ਸਟੇਸ਼ਨ ਵੱਲੋਂ ਇੱਕ ਸਰਕਾਰੀ ਕਰਮਚਾਰੀ ਵਿਰੁੱਧ ਪੀਸੀ ਐਕਟ ਦੇ ਤਹਿਤ ਕਥਿਤ ਅਪਰਾਧਾਂ ਲਈ ਦਰਜ ਕੀਤੀ ਗਈ ਐੱਫਆਈਆਰ ਨੂੰ ਰੱਦ ਕਰ ਦਿੱਤਾ ਸੀ।

ਸਰਕਾਰੀ ਨੌਕਰਸ਼ਾਹ ’ਤੇ ਉਸ ਦੀ ਆਮਦਨ ਦੇ ਜਾਣੇ-ਪਛਾਣੇ ਸਰੋਤਾਂ ਤੋਂ ਵੱਧ ਜਾਇਦਾਦ ਹਾਸਲ ਕਰਨ ਦਾ ਦੋਸ਼ ਸੀ। ਸੁਪਰੀਮ ਕੋਰਟ ਨੇ ਇਸ ਮੁੱਦੇ ’ਤੇ ਵਿਚਾਰ ਕੀਤਾ ਕਿ ਕੀ ਮਾਮਲੇ ਦੇ ਤੱਥਾਂ ਵਿੱਚ ਪੀਸੀ ਐਕਟ ਤਹਿਤ ਐੱਫਆਈਆਰ ਦਰਜ ਕਰਨ ਤੋਂ ਪਹਿਲਾਂ ਮੁੱਢਲੀ ਜਾਂਚ ਲਾਜ਼ਮੀ ਸੀ ਜਾਂ ਕੀ ਸਰੋਤ ਜਾਣਕਾਰੀ ਰਿਪੋਰਟ ਨੂੰ ਮੁੱਢਲੀ ਜਾਂਚ ਦੇ ਬਦਲ ਵਜੋਂ ਮੰਨਿਆ ਜਾ ਸਕਦਾ ਹੈ।

ਸੁਪਰੀਮ ਕੋਰਟ ਦੇ ਪਿਛਲੇ ਫ਼ੈਸਲਿਆਂ ਦਾ ਹਵਾਲਾ ਦਿੰਦਿਆਂ ਬੈਂਚ ਨੇ ਕਿਹਾ, ‘‘ਇਸ ਕੇਸ ’ਤੇ ਇਨ੍ਹਾਂ ਸਿਧਾਂਤਾਂ ਨੂੰ ਲਾਗੂ ਕਰਦਿਆਂ ਇਹ ਸਪੱਸ਼ਟ ਹੈ ਕਿ ਭ੍ਰਿਸ਼ਟਾਚਾਰ ਦੇ ਦੋਸ਼ੀ ਸਰਕਾਰੀ ਕਰਮਚਾਰੀ ਵਿਰੁੱਧ ਕੇਸ ਦਰਜ ਕਰਨ ਲਈ ਮੁੱਢਲੀ ਜਾਂਚ ਕਰਨਾ ਜ਼ਰੂਰੀ ਨਹੀਂ ਹੈ। ਜਦੋਂ ਕਿ ਪੀਸੀ ਐਕਟ ਅਧੀਨ ਮਾਮਲਿਆਂ ਸਮੇਤ ਕੁਝ ਸ਼੍ਰੇਣੀਆਂ ਦੇ ਮਾਮਲਿਆਂ ਵਿੱਚ ਮੁੱਢਲੀ ਜਾਂਚ ਫਾਇਦੇਮੰਦ ਹੈ, ਇਹ ਨਾ ਤਾਂ ਦੋਸ਼ੀ ਦਾ ਅਧਿਕਾਰ ਹੈ ਅਤੇ ਨਾ ਹੀ ਅਪਰਾਧਿਕ ਕੇਸ ਦਰਜ ਕਰਨ ਲਈ ਲਾਜ਼ਮੀ ਹੈ।’

# ਆਰ ਬੀ ਆਈ. ਦੇ ਸਾਬਕਾ ਗਵਰਨਰ ਸ਼ਕਤੀਕਾਂਤ ਦਾਸ ਪ੍ਰਧਾਨ ਮੰਤਰੀ ਦੇ ਪ੍ਰਮੁੱਖ ਸਕੱਤਰ ਨਿਯੁਕਤ



ਨਵੀਂ ਦਿੱਲੀ, 23 ਫਰਵਰੀ (ਪੋਸਟ ਬਿਊਰੋ): ਭਾਰਤੀ ਰਿਜ਼ਰਵ ਬੈਂਕ (ਆਰਬੀਆਈ) ਦੇ ਸਾਬਕਾ ਗਵਰਨਰ ਸ਼ਕਤੀਕਾਂਤ ਦਾਸ ਨੂੰ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਦੂਜਾ ਪ੍ਰਮੁੱਖ ਸਕੱਤਰ ਨਿਯੁਕਤ ਕੀਤਾ ਗਿਆ ਹੈ। ਗੁਜਰਾਤ ਕਾਡਰ ਦੇ ਸੇਵਾਮੁਕਤ ਆਈਏਐੱਸ ਅਫਸਰ ਪੀਕੇ ਮਿਸ਼ਰਾ ਇਸ ਸਮੇਂ ਪ੍ਰਧਾਨ ਮੰਤਰੀ ਦੇ ਪ੍ਰਮੁੱਖ ਸਕੱਤਰ ਵਜੋਂ ਕੰਮ ਕਰ ਰਹੇ ਹਨ।

ਇੱਕ ਅਧਿਕਾਰਤ ਹੁਕਮ ਅਨੁਸਾਰ, ਤਾਮਿਲਨਾਡੂ ਕਾਡਰ ਦੇ ਸੇਵਾਮੁਕਤ ਆਈਏਐੱਸ ਅਧਿਕਾਰੀ ਸ਼ਕਤੀਕਾਂਤ ਦਾਸ ਦਾ ਕਾਰਜਕਾਲ ਪ੍ਰਧਾਨ ਮੰਤਰੀ ਦੇ ਕਾਰਜਕਾਲ ਤੱਕ ਜਾਂ ਅਗਲੇ ਹੁਕਮਾਂ ਤੱਕ ਹੋਵੇਗਾ। ਇਹ ਪਹਿਲੀ ਵਾਰ ਹੈ ਜਦੋਂ ਦੋ ਵਿਅਕਤੀ ਇੱਕੋ ਸਮੇਂ ਪ੍ਰਧਾਨ ਮੰਤਰੀ ਦੇ ਪ੍ਰਮੁੱਖ ਸਕੱਤਰ ਹੋਣਗੇ। ਮਿਸ਼ਰਾ ਤੇ ਦਾਸ ਦੋਵੇਂ ਹੀ ਉੜੀਸਾ ਨਾਲ ਸਬੰਧਤ ਹਨ। ਹੁਕਮਾਂ ’ਚ ਕਿਹਾ ਗਿਆ, ‘ਮੰਤਰੀ ਮੰਡਲ ਦੀ ਨਿਯੁਕਤੀ ਕਮੇਟੀ ਨੇ ਸ਼ਕਤੀਕਾਂਤ ਦਾਸ, ਆਈਏਐੱਸ (ਸੇਵਾਮੁਕਤ) ਨੂੰ ਪ੍ਰਧਾਨ ਮੰਤਰੀ ਦੇ ਪ੍ਰਮੁੱਖ ਸਕੱਤਰ-2 ਵਜੋਂ ਨਿਯੁਕਤ ਕਰਨ ਨੂੰ ਮਨਜ਼ੂਰੀ ਦਿੱਤੀ ਹੈ। ਉਨ੍ਹਾਂ ਦੀ ਨਿਯੁਕਤੀ ਕਾਰਜਭਾਰ ਸੰਭਾਲਣ ਦੀ ਤਰੀਕ ਤੋਂ ਅਮਲ ਵਿੱਚ ਹੋਵੇਗੀ।’

ਦਾਸ ਨੇ ਇੱਕ ਸਿਵਲ ਸੇਵਕ ਵਜੋਂ ਮੁੱਖ ਤੌਰ ’ਤੇ ਵਿੱਤ, ਟੈਕਸੇਸ਼ਨ, ਨਿਵੇਸ਼ ਤੇ ਬੁਨਿਆਦੀ ਢਾਂਚਾ ਖੇਤਰਾਂ ’ਚ ਕੰਮ ਕੀਤਾ ਹੈ। ਉਹ ਭਾਰਤੀ ਰਿਜ਼ਰਵ ਬੈਂਚ ਦੇ 25ਵੇਂ ਗਵਰਨਰ ਬਣੇ ਅਤੇ ਉਨ੍ਹਾਂ ਭਾਰਤ ਦੇ ਜੀ20 ਸ਼ੇਰਪਾ ਤੇ 15ਵੇਂ ਵਿੱਤ ਕਮਿਸ਼ਨ ਦੇ ਮੈਂਬਰ ਵਜੋਂ ਵੀ ਕੰਮ ਕੀਤਾ। 2016 ’ਚ ਆਰਥਿਕ ਮਾਮਲਿਆਂ ਦੇ ਸਕੱਤਰ ਵਜੋਂ ਉਨ੍ਹਾਂ ਦੇ ਕਾਰਜਕਾਲ ਦੌਰਾਨ ਮੋਦੀ ਸਰਕਾਰ ਨੇ ਨੋਟਬੰਦੀ ਦਾ ਐਲਾਨ ਕੀਤਾ ਸੀ। ਦਾਸ ਨੇ ਉਸ ਸਮੇਂ ਅਹਿਮ ਭੂਮਿਕਾ ਨਿਭਾਈ ਜਦੋਂ ਕਈ ਅਸਿੱਧੇ ਟੈਕਸਾਂ ਨੂੰ ਇੱਕ ਜੀਐੱਸਟੀ ’ਚ ਮਿਲਾ ਦਿੱਤਾ ਗਿਆ ਸੀ। ਉਰਜਿਤ ਪਟੇਲ ਦੇ ਅਸਤੀਫਾ ਦੇਣ ਮਗਰੋਂ ਦਾਸ ਨੇ 2018 ’ਚ ਆਰਬੀਆਈ ਦੇ 25ਵੇਂ ਗਵਰਨਰ ਵਜੋਂ ਅਹੁਦਾ ਸੰਭਾਲਿਆ। ਸ਼ੁਰੂਆਤ ’ਚ ਉਨ੍ਹਾਂ ਨੂੰ ਤਿੰਨ ਸਾਲ ਲਈ ਨਿਯੁਕਤ ਕੀਤਾ ਗਿਆ। ਉਨ੍ਹਾਂ ਦਾ ਕਾਰ-ਜਕਾਲ 2021 ’ਚ ਤਿੰਨ ਸਾਲ ਲਈ ਵਧਾ ਦਿੱਤਾ ਗਿਆ। ਉਨ੍ਹਾਂ ਦਸੰਬਰ 2024 ’ਚ ਅਹੁਦਾ ਛੱਡਿਆ। ਆਰਬੀਆਈ ਦੇ 90 ਸਾਲ ਦੇ ਇਤਿਹਾਸ ’ਚ ਦਾਸ ਦੂਜੇ ਸਭ ਤੋਂ ਲੰਬਾ ਸਮਾਂ ਗਵਰਨਰ ਦੇ ਅਹੁਦੇ ’ਤੇ ਰਹਿਣ ਵਾਲੇ ਵਿਅਕਤੀ ਹਨ।

# ਖੇਤੀਬਾੜੀ ਹਾਦਸਿਆਂ ਦੇ ਪੀੜਤਾਂ ਨੂੰ ਵੰਡੀ ਸਹਾਇਤਾ ਰਾਸ਼ੀ



ਅਜਨਾਲਾ, 23 ਫਰਵਰੀ (ਗਿਆਨ ਸਿੰਘ): ਅਜਨਾਲਾ ਹਲਕੇ ਵਿੱਚ ਬੀਤੇ ਸਮੇਂ ਦੌਰਾਨ ਖੇਤੀਬਾੜੀ ਕਰਦੇ ਹਾਦਸਿਆਂ ਦਾ ਸ਼ਿਕਾਰ ਹੋਏ ਵਿਅਕਤੀਆਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਵੰਡੇ ਹੋਏ ਕੈਬਨਿਟ ਮੰਤਰੀ ਸ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਰਾਜ ਦੇ ਹਰੇਕ ਵਰਗ ਦੀ ਖੁਸ਼ਹਾਲੀ ਦੇ ਯਤਨਸ਼ੀਲ ਹੈ। ਉਹਨਾਂ ਆਖਿਆ ਕਿ ਕਿਸਾਨ ਦੇਸ਼ ਦੀ ਰੀੜ ਦੀ ਹੱਡੀ ਹਨ ਅਤੇ ਇਸ ਨੂੰ ਕਾਇਮ ਕਰਨ ਲਈ ਸਾਡੀ ਸਰਕਾਰ ਲਗਾਤਾਰ ਯਤਨ ਕਰ ਰਹੀ ਹੈ।

ਉਹਨਾਂ ਨੇ ਇਸ ਮੌਕੇ ਆਖਿਆ ਕਿ ਕਿਸਾਨਾਂ ਦੀ ਬਾਂਹ ਫੜਨ ਦੇ ਨਾਲ ਨਾਲ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਵੀ ਸਰਕਾਰ ਯਤਨਸ਼ੀਲ ਹੈ ਤੇ ਸਾਡੀ ਕੋਸ਼ਿਸ਼ ਟੇਲਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦੀ ਹੈ। ਉਹਨਾਂ ਨੇ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਨੂੰ ਪੂਰਾ ਨਹਿਰੀ ਪਾਣੀ ਦੇਣ ਲਈ ਵਚਨਬੱਧ ਹੈ ਤਾਂ ਜੋ ਸਾਡੇ ਕਿਸਾਨਾਂ ਦੀ ਆਮਦਨ ਵੱਧ ਸਕੇ।

ਉਹਨਾਂ ਦੱਸਿਆ ਕਿ ਅੱਜ ਹਲਕੇ ਦੇ ਉਹਨਾਂ ਕਿਸਾਨਾਂ ਨੂੰ ਸਹਾਇਤਾ ਰਾਸ਼ੀ ਦਿੱਤੀ ਗਈ ਹੈ, ਜਿਨਾਂ ਦੀ ਬੀਤੇ ਸਮੇਂ ਦੌਰਾਨ ਵੱਖ-ਵੱਖ ਥਾਵਾਂ ਉੱਤੇ ਖੇਤੀਬਾੜੀ ਕਰਦੇ ਹੋਏ ਹਾਦਸਿਆਂ ਕਾਰਨ ਜਾਨੀ ਨੁਕਸਾਨ ਹੋਇਆ ਸੀ । ਉਹਨਾਂ ਕਿਹਾ ਕਿ ਕਈ ਕੇਸਾਂ ਵਿੱਚ ਕਿਸਾਨ ਜਖਮੀ ਹੋਏ ਸਨ ਤੇ ਉਹਨਾਂ ਦੇ ਸਰੀਰ ਦੀ ਅੰਗ ਤੱਕ ਕੱਟੇ ਗਏ ਸਨ ਅਤੇ ਇੱਕ ਕਿਸਾਨ ਦੀ ਕਰੰਟ ਲੱਗਣ ਕਾਰਨ ਮੌਤ ਹੋ ਗਈ ਸੀ।

# ਐੱਨ.ਆਰ.ਆਈ. ਪੰਜਾਬੀਆਂ ਨੇ ਐੱਨ.ਆਰ.ਆਈ. ਮਿਲਣੀਆਂ ਲਈ ਪੰਜਾਬ ਸਰਕਾਰ ਦਾ ਕੀਤਾ ਧੰਨਵਾਦ

## ਮੈਂ ਹਮੇਸ਼ਾ ਐੱਨ.ਆਰ.ਆਈ. ਪੰਜਾਬੀਆਂ ਦੀ ਮਦਦ ਲਈ ਹਾਜ਼ਰ ਹਾਂ : ਕੁਲਦੀਪ ਸਿੰਘ ਧਾਲੀਵਾਲ

ਚੰਡੀਗੜ੍ਹ, 23 ਫਰਵਰੀ (ਪੋਸਟ ਬਿਊਰੋ): ਰਾਜ ਸਰਕਾਰ ਨੇ ਐਨ.ਆਰ.ਆਈ. ਪੰਜਾਬੀਆਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਔਨਲਾਈਨ ਐਨ.ਆਰ.ਆਈ. ਮਿਲਣੀਆਂ ਪ੍ਰੋਗਰਾਮ ਸ਼ੁਰੂ ਕੀਤੇ ਹਨ ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ ਜਾ ਸਕੇ। ਇਹ ਐਨ.ਆਰ.ਆਈ. ਮਿਲਣੀਆਂ ਮਹੀਨਾਵਾਰ ਆਧਾਰ 'ਤੇ ਕੀਤੀਆਂ ਜਾ ਰਹੀਆਂ ਹਨ। ਐਨ.ਆਰ.ਆਈ. ਮਾਮਲਿਆਂ ਦੇ ਮੰਤਰੀ ਨੇ ਨਿੱਜੀ ਤੌਰ 'ਤੇ ਔਨਲਾਈਨ ਵੀਡੀਓ ਕਾਨਫਰੰਸਿੰਗ ਰਾਹੀਂ ਐਨ.ਆਰ.ਆਈ. ਪੰਜਾਬੀਆਂ ਦੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਸੁਣੀਆਂ। ਫਿਰ ਉਨ੍ਹਾਂ ਦੀਆਂ ਸ਼ਿਕਾਇਤਾਂ ਨੂੰ ਤੁਰੰਤ ਨਿਪਟਾਰੇ ਲਈ ਸਬੰਧਤ ਵਿਭਾਗਾਂ ਅਤੇ ਪੰਜਾਬ ਪੁਲਿਸ ਦੇ ਐਨ.ਆਰ.ਆਈ. ਵਿੰਗ ਦੇ ਏ.ਡੀ.ਜੀ.ਪੀ. ਨੂੰ ਭੇਜ ਦਿੱਤਾ ਗਿਆ।

ਐਨ.ਆਰ.ਆਈ. ਮਾਮਲਿਆਂ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪਹਿਲੀ ਔਨਲਾਈਨ ਐਨ.ਆਰ.ਆਈ. ਮਿਲਣੀ ਵਿੱਚ 100 ਸ਼ਿਕਾਇਤਾਂ ਪ੍ਰਾਪਤ ਹੋਈਆਂ ਅਤੇ ਦੂਜੀ ਔਨਲਾਈਨ ਐਨ.ਆਰ.ਆਈ. ਮਿਲਣੀ ਵਿੱਚ 103 ਸ਼ਿਕਾਇਤਾਂ ਪ੍ਰਾਪਤ ਹੋਈਆਂ। ਇਸ ਸਬੰਧ ਵਿੱਚ, ਉਨ੍ਹਾਂ ਅੱਗੇ ਕਿਹਾ ਕਿ ਤੀਜੀ ਔਨਲਾਈਨ ਐਨਆਰਆਈ ਮਿਲਨੀ ਵਿੱਚ 109 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ ਜਿਨ੍ਹਾਂ ਵਿੱਚੋਂ 56 ਸ਼ਿਕਾਇਤਾਂ ਈਮੇਲ ਰਾਹੀਂ ਅਤੇ 53 ਸ਼ਿਕਾਇਤਾਂ ਵਟਸਐਪ ਨੰਬਰ 'ਤੇ ਪ੍ਰਾਪਤ ਹੋਈਆਂ ਹਨ। ਪੰਜਾਬ ਸਰਕਾਰ ਉਨ੍ਹਾਂ ਦੀਆਂ ਸ਼ਿਕਾਇਤਾਂ ਨੂੰ ਜਲਦੀ ਤੋਂ ਜਲਦੀ ਹੱਲ ਕਰਨ ਵਿੱਚ ਕੋਈ ਕਸਰ ਨਹੀਂ ਛੱਡੇਗੀ। ਉਨ੍ਹਾਂ ਨੇ ਐਨਆਰਆਈਜ਼ ਨੂੰ ਅਪੀਲ ਕੀਤੀ ਕਿ ਉਹ ਔਨਲਾਈਨ ਐਨਆਰਆਈ ਮਿਲਨੀਜ਼ ਵਿੱਚ ਹਿੱਸਾ ਲੈਣ ਤਾਂ ਜੋ ਉਨ੍ਹਾਂ ਦੀਆਂ ਚਿੰਤਾਵਾਂ ਦਾ ਤੁਰੰਤ ਹੱਲ ਕੀਤਾ ਜਾ ਸਕੇ।

ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਅਸੀਂ ਪਹਿਲਾਂ ਹੀ 9 ਐਨਆਰਆਈ ਮਿਲਨੀਜ਼ ਨੂੰ ਔਫਲਾਈਨ ਮੋਡ ਰਾਹੀਂ ਕਰਵਾਇਆ ਹੈ। ਐਨਆਰਆਈ ਮਿਲਨੀਜ਼ - 2024 ਦੀ ਰਿਪੋਰਟ ਦੇ ਅਨੁਸਾਰ, 309 ਸ਼ਿਕਾਇਤਾਂ ਦਰਜ ਕੀਤੀਆਂ ਗਈਆਂ ਸਨ ਅਤੇ ਇਨ੍ਹਾਂ ਵਿੱਚੋਂ 256 ਦਾ ਨਿਪਟਾਰਾ ਕਰ ਦਿੱਤਾ ਗਿਆ ਹੈ। ਬਾਕੀ ਸ਼ਿਕਾਇਤਾਂ ਦੀ ਨਿਗਰਾਨੀ ਸਬੰਧਤ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਅਤੇ ਐਸਐਸਪੀਜ਼ ਦੁਆਰਾ ਆਪਣੇ ਪੱਧਰ 'ਤੇ ਸਾਂਝੇ ਤੌਰ 'ਤੇ ਕੀਤੀ ਜਾ ਰਹੀ ਹੈ।

# ਪੰਜਾਬੀ ਕਲਾਕਾਰ ਸੋਨੀਆ ਮਾਨ 'ਆਪ' ’ਚ ਹੋਈ ਸ਼ਾਮਿਲ



ਨਵੀ ਦਿਲੀ, 23 ਫਰਵਰੀ (ਪੋਸਟ ਬਿਊਰੋ): ਆਮ ਆਦਮੀ ਪਾਰਟੀ (ਆਪ) ਨੂੰ ਪੰਜਾਬ ਵਿੱਚ ਵੱਡੀ ਮਜਬੂਤੀ ਮਿਲੀ ਹੈ। ਐਤਵਾਰ ਨੂੰ ਮਸ਼ਹੂਰ ਪੰਜਾਬੀ ਕਲਾਕਾਰ ਸੋਨੀਆ ਮਾਨ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਮੌਜੂਦਗੀ 'ਚ ਉਹ ਪਾਰਟੀ 'ਚ ਸ਼ਾਮਿਲ ਹੋਏ।

ਕੇਜਰੀਵਾਲ ਨੇ 'ਆਪ' ਆਗੂਆਂ ਦੀ ਮੌਜੂਦਗੀ 'ਚ ਰਸਮੀ ਤੌਰ 'ਤੇ ਸੋਨੀਆ ਮਾਨ ਨੂੰ ਪਾਰਟੀ 'ਚ ਸ਼ਾਮਲ ਕਰਾਇਆ ਅਤੇ ਉਨ੍ਹਾਂ ਦਾ ਸਵਾਗਤ ਕੀਤਾ।

ਸੋਨੀਆ ਮਾਨ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਮਰਹੂਮ ਬਲਦੇਵ ਸਿੰਘ ਦੀ ਬੇਟੀ ਹੈ। ਦਿੱਲੀ ਦੇ ਕਿਸਾਨ ਅੰਦੋਲਨ ਵਿੱਚ ਵੀ ਸੋਨੀਆ ਨੇ ਅਹਿਮ ਭੂਮਿਕਾ ਨਿਭਾਈ ਸੀ। ਉਹ ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਵੀ ਕੰਮ ਕਰ ਰਹੇ ਹਨ। ਉਹ ਸੋਸ਼ਲ ਮੀਡੀਆ ਰਾਹੀਂ ਵੀ ਅਕਸਰ ਸਮਾਜਿਕ-ਰਾਜਨੀਤਿਕ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਉਠਾਉਂਦੇ ਰਹਿੰਦੇ ਹਨ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days a Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5’-3’’, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਨੰਦੇੜ ਕਤਲ ਮਾਮਲਾ: ਪੰਜਾਬ ਪੁਲਿਸ ਵੱਲੋਂ ਮੁੱਖ ਸ਼ੂਟਰ ਸਮੇਤ ਬੀ.ਕੇ.ਆਈ. ਦੇ ਦੋ ਕਾਰਕੁੰਨ ਗ੍ਰਿਫਤਾਰ, ਦੋ ਪਿਸਤੌਲ ਬਰਾਮਦ

## ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਨੂੰ ਹਰਵਿੰਦਰ ਰਿੰਦਾ ਅਤੇ ਹੈਪੀ ਪਾਸੀਅਨ ਵੱਲੋਂ ਪੰਜਾਬ ਵਿੱਚ ਮਿੱਥ ਕੇ ਕਤਲ ਕਰਨ ਲਈ ਦਿੱਤੇ ਗਏ ਸਨ ਨਿਰਦੇਸ਼ : ਡੀਜੀਪੀ

ਚੰਡੀਗੜ੍ਹ, 23 ਫਰਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚਲਾਈ ਜਾ ਰਹੀ ਮੁਹਿੰਮ ਤਹਿਤ ਸਰਹੱਦ ਪਾਰੋਂ ਚੱਲ ਰਹੇ ਅੱਤਵਾਦੀ ਨੈੱਟਵਰਕਾਂ ਨੂੰ ਵੱਡਾ ਝਟਕਾ ਦਿੰਦੇ ਹੋਏ, ਪੰਜਾਬ ਪੁਲਿਸ ਨੇ ਅੱਤਵਾਦੀ ਸੰਗਠਨ ਬੱਬਰ ਖਾਲਸਾ ਇੰਟਰਨੈਸ਼ਨਲ (ਬੀ.ਕੇ.ਆਈ.) ਦੇ ਦੋ ਕਾਰਕੁਨਾਂ ਨੂੰ ਗ੍ਰਿਫਤਾਰ ਕੀਤਾ ਹੈ, ਜਿਨ੍ਹਾਂ ਵਿੱਚ ਨਾਂਦੇੜ ਕਤਲ ਕੇਸ ਦਾ ਮੁੱਖ ਸ਼ੂਟਰ ਵੀ ਸ਼ਾਮਲ ਹੈ। ਇਨ੍ਹਾਂ ਦੋਸ਼ੀਆਂ ਦੇ ਕਬਜ਼ੇ ਚੋਂ ਦੋ .32 ਬੋਰ ਪਿਸਤੌਲ ਅਤੇ ਪੰਜ ਕਾਰਤੂਸ ਬਰਾਮਦ ਹੋਏ ਹਨ । ਇਹ ਜਾਣਕਾਰੀ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਐਤਵਾਰ ਨੂੰ ਦਿੱਤੀ ।



ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤਰਨਤਾਰਨ ਦੇ ਹਰੀਕੇ ਪੱਤਣ ਦੇ ਰਹਿਣ ਵਾਲੇ ਜਗਦੀਸ਼ ਸਿੰਘ ਉਰਫ਼ ਜੱਗਾ ( ਮੁੱਖ ਸ਼ੂਟਰ) ਅਤੇ ਉਸ ਦਾ ਸਾਥੀ ਸ਼ੁਭਦੀਪ ਸਿੰਘ ਉਰਫ਼ ਸ਼ੁਭ, ਜੋ ਤਰਨ-ਤਾਰਨ ਦੇ ਪਿੰਡ ਜੋਨੇਕੇ ਦਾ ਰਹਿਣ ਵਾਲਾ ਹੈ, ਵਜੋਂ ਹੋਈ ਹੈ। ਇਹ ਕਾਰਵਾਈ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸ.ਐਸ.ਓ.ਸੀ.), ਐਸ.ਏ.ਐਸ. ਨਗਰ ਨੇ ਭਰੋਸੇਯੋਗ ਸੂਤਰਾਂ ਦੀ ਖੁਫੀਆ ਇਤਲਾਹ ਦੇ ਆਧਾਰ ’ਤੇ ਅਮਲ ਵਿੱਚ ਲਿਆਂਦੀ ਹੈ।

ਜਾਣਕਾਰੀ ਅਨੁਸਾਰ, 10 ਫਰਵਰੀ,2025 ਨੂੰ ਨਾਂਦੇੜ ਵਿੱਖ ਸਿੱਖ ਕਲੋਨੀ ਦੇ ਬਾਹਰ ਗੁਰਦੁਆਰਾ ਗੇਟ ਨੰਬਰ 6 ਦੇ ਨੇੜੇ ਇੱਕ ਵਾਰਦਾਤ ਵਾਪਰੀ ਸੀ, ਜਿਸ ਦੌਰਾਨ ਪੈਰੋਲ ’ਤੇ ਬਾਹਰ ਆਏ ਸਥਾਨਕ ਨਿਵਾਸੀ ਗੁਰਮੀਤ ਸਿੰਘ ਨੂੰ ਨਿਸ਼ਾਨਾ ਬਣਾਇਆ ਗਿਆ ਸੀ । ਜ਼ਿਕਰਯੋਗ ਹੈ ਕਿ ਗੁਰਮੀਤ, ਜੋ 2016 ਵਿੱਚ ਅੱਤਵਾਦੀ ਰਿੰਦਾ ਦੇ ਭਰਾ ਦੇ ਕਤਲ ਦਾ ਦੋਸ਼ੀ ਹੈ, ਨੂੰ ਸੱਟਾਂ ਲੱਗੀਆਂ ਸਨ ,ਪਰ ਉਹ ਬਚ ਗਿਆ ਸੀ। ਜਦਕਿ ਉਸ ਦਾ ਸਾਥੀ, ਰਵਿੰਦਰ ਰਾਠੌੜ, ਹਮਲੇ ਤੋਂ ਬਾਅਦ ਗੰਭੀਰ ਰੂਪ ਵਿੱਚ ਜ਼ਖਮੀ ਹੋਣ ਕਾਰਨ ਦਮ ਤੋੜ ਗਿਆ ਸੀ। ਹਮਲੇ ਨੂੰ ਅੰਜਾਮ ਦੇਣ ਤੋਂ ਬਾਅਦ, ਦੋਸ਼ੀ ਜੱਗਾ ਪੰਜਾਬ ਵਾਪਸ ਪਰਤ ਆਇਆ ਸੀ ਅਤੇ ਇੱਥੇ ਸ਼ੁਭਦੀਪ ਉਰਫ਼ ਸ਼ੁਭ ਨੇ ਉਸ ਨੂੰ ਛੁਪਣਗਾਹ ਉਪਲਬਧ ਕਰਵਾਈ ਸੀ ਅਤੇ ਵਿੱਤੀ ਸਹਾਇਤਾ ਵੀ ਦਿੱਤੀ ਸੀ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਵਿਅਕਤੀ ਪਾਕਿਸਤਾਨ ਸਥਿਤ ਬੀ.ਕੇ.ਆਈ. ਅੱਤਵਾਦੀ ਹਰਵਿੰਦਰ ਸਿੰਘ ਰਿੰਦਾ ਅਤੇ ਅਮਰੀਕਾ ਸਥਿਤ ਹੈਪੀ ਪਾਸੀਅਨ ਨਾਲ ਸਿੱਧੇ ਸੰਪਰਕ ਵਿੱਚ ਸਨ।

ਉਨ੍ਹਾਂ ਕਿਹਾ ਕਿ ਮੁਲਜ਼ਮਾਂ ਦੇ ਸ਼ੁਰੂਆਤੀ ਖੁਲਾਸੇ ਅਨੁਸਾਰ, ਮੁਲਜ਼ਮ ਜੱਗਾ ਨੇ ਕਬੂਲਿਆ ਕਿ ਉਸਨੇ ਹਰਵਿੰਦਰ ਰਿੰਦਾ ਦੇ ਨਿਰਦੇਸ਼ਾਂ ’ਤੇ ਮਹਾਰਾਸ਼ਟਰ ਦੇ ਨੰਦੇੜ ਵਿੱਚ ਇੱਕ ਕਤਲ ਕੀਤਾ ਅਤੇ ਇੱਕ ਹੋਰ ਵਿਅਕਤੀ ਨੂੰ ਗੰਭੀਰ ਰੂਪ ਵਿੱਚ ਜ਼ਖਮੀ ਕੀਤਾ । ਉਨ੍ਹਾਂ ਅੱਗੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮਾਂ ਨੂੰ ਉਨ੍ਹਾਂ ਦੇ ਵਿਦੇਸ਼ੀ ਹੈਂਡਲਰਾਂ ਨੇ ਇੱਕ ਵੱਡੇ ਅੱਤਵਾਦੀ ਆਪ੍ਰੇਸ਼ਨ ਦੇ ਹਿੱਸੇ ਵਜੋਂ ਰਾਜ ਵਿੱਚ ਮਿੱਥ ਕੇ ਕਤਲ ਕਰਨ ਲਈ ਵੀ ਨਿਰਦੇਸ਼ ਦਿੱਤੇ ਸਨ।

ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਅਤੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

ਇਸ ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ ਏ.ਆਈ.ਜੀ. ਐਸ.ਐਸ.ਓ.ਸੀ., ਐਸਏਐਸ ਨਗਰ ਡਾ: ਸਿਮਰਤ ਕੌਰ ਨੇ ਕਿਹਾ ਕਿ ਪੁਖ਼ਤਾ ਸੂਹ ’ਤੇ ਕੀਤੀ ਖੁਫੀਆ ਕਾਰਵਾਈ ਵਿੱਚ, ਪੁਲਿਸ ਟੀਮਾਂ ਨੇ ਸ਼ੁੱਕਰਵਾਰ ਨੂੰ ਖਰੜ ਦੇ ਸੰਨੀ ਐਨਕਲੇਵ ਤੋਂ ਸ਼ੁਭਦੀਪ ਸਿੰਘ ਉਰਫ਼ ਸ਼ੁਭ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਸ ਦੇ ਕਬਜ਼ੇ ਵਿੱਚੋਂ ਇੱਕ .32 ਬੋਰ ਪਿਸਤੌਲ ਅਤੇ ਦੋ ਕਾਰਤੂਸ ਬਰਾਮਦ ਕੀਤੇ ਸਨ।

ਪੁੱਛਗਿੱਛ ਦੌਰਾਨ, ਦੋਸ਼ੀ ਸ਼ੁਭਦੀਪ ਨੇ ਨੰਦੇੜ ਕਤਲ ਤੋਂ ਪਹਿਲਾਂ, ਦੌਰਾਨ ਅਤੇ ਬਾਅਦ ਵਿੱਚ ਜਗਦੀਸ਼ ਸਿੰਘ ਉਰਫ਼ ਜੱਗਾ ਨੂੰ ਛੁਪਣਗਾਹਾਂ ਅਤੇ ਲੌਜਿਸਟਿਕ ਸਹਾਇਤਾ ਪ੍ਰਦਾਨ ਕਰਨ ਵਿੱਚ ਆਪਣੀ ਭੂਮਿਕਾ ਦੀ ਗੱਲ ਕਬੂਲੀ ਹੈ। ਉਨ੍ਹਾਂ ਕਿਹਾ ਕਿ ਇਹਨਾਂ ਸੁਰਾਗਾਂ ’ਤੇ ਕਾਰਵਾਈ ਕਰਦੇ ਹੋਏ, ਐਸ.ਐਸ.ਓ.ਸੀ. ਟੀਮ ਨੇ ਮੋਹਾਲੀ ਦੇ ਫੇਜ਼ 1 ਤੋਂ ਜਗਦੀਸ਼ ਸਿੰਘ ਉਰਫ਼ ਜੱਗਾ ਨੂੰ ਮੁਸਤੈਦੀ ਨਾਲ ਗ੍ਰਿਫ਼ਤਾਰ ਕਰ ਲਿਆ। ਪੁਲਿਸ ਟੀਮਾਂ ਨੇ ਉਸਦੇ ਕਬਜ਼ੇ ਵਿੱਚੋਂ ਇੱਕ .32 ਬੋਰ ਪਿਸਤੌਲ ਅਤੇ ਤਿੰਨ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ।

ਇਸ ਸਬੰਧ ਵਿੱਚ, ਪੁਲਿਸ ਥਾਣਾ ਐਸ.ਐਸ.ਓ.ਸੀ., ਐਸਏਐਸ ਨਗਰ ਵਿਖੇ ਆਰਮਜ਼ ਐਕਟ ਦੀ ਧਾਰਾ 25(1) ਬੀ ਅਤੇ ਬੀ.ਐਨ.ਐਸ. ਦੀ ਧਾਰਾ 249 ਅਤੇ 61(2) ਦੇ ਤਹਿਤ ਐਫਆਈਆਰ ਨੰਬਰ 1 ਮਿਤੀ 21.02.2025 ਦਰਜ ਕੀਤੀ ਗਈ ਹੈ।

# ਨਗਰ ਕੌਂਸਲ ਦਾ ਕਲਰਕ 20,000 ਰੁਪਏ ਦੀ ਰਿਸ਼ਵਤ ਲੈਂਦਾ ਰੰਗੇ ਹੱਥੀਂ ਗ੍ਰਿਫ਼ਤਾਰ

ਚੰਡੀਗੜ੍ਹ, 23 ਫਰਵਰੀ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਰਾਜ ਵਿਚ ਚਲਾਈ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਤਹਿਤ ਐਤਵਾਰ ਨੂੰ ਨਗਰ ਕੌਂਸਲ ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਚ ਤਾਇਨਾਤ ਕਲਰਕ ਸੁਰੇਸ਼ ਕੁਮਾਰ ਨੂੰ ਇਕ ਗਰੀਬ ਵਿਧਵਾ ਕੋਲੋਂ 20,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਗ੍ਰਿਫ਼ਤਾਰ ਕੀਤਾ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਮਲੋਟ ਸ਼ਹਿਰ ਨਿਵਾਸੀ ਇੱਕ ਵਿਧਵਾ ਔਰਤ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨਾਲ ਸੰਪਰਕ ਕਰਕੇ ਦੋਸ਼ ਲਗਾਇਆ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ (ਸ਼ਹਿਰੀ) ਮਿਸ਼ਨ ਤਹਿਤ ਉਸ ਦਾ ਘਰ ਬਣਾਉਣ ਲਈ ਰਕਮ ਮਨਜ਼ੂਰ ਕਰਵਾਉਣ ਬਦਲੇ ਉਕਤ ਕਲਰਕ ਨੇ 50,000 ਰੁਪਏ ਦੀ ਰਿਸ਼ਵਤ ਮੰਗੀ ਹੈ ਪਰ ਉਸ ਵੱਲੋਂ ਜ਼ੋਰ ਪਾਉਣ ਤੋਂ ਬਾਅਦ ਉਕਤ ਵਿਅਕਤੀ ਇਹ ਰਕਮ ਕਿਸ਼ਤਾਂ ਵਿੱਚ ਲੈਣ ਲਈ ਸਹਿਮਤ ਹੋ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਮੁਲਾਜ਼ਮ ਨੂੰ ਸ਼ਿਕਾਇਤਕਰਤਾ ਦੇ ਘਰੋਂ 20,000 ਰੁਪਏ ਦੀ ਪਹਿਲੀ ਕਿਸ਼ਤ ਲੈਂਦੇ ਹੋਏ ਰੰਗੇ ਹੱਥੀਂ ਫੜ ਲਿਆ। ਬਿਊਰੋ ਦੀ ਟੀਮ ਨੇ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਉਕਤ ਮੁਲਜ਼ਮ ਕੋਲੋਂ ਰਿਸ਼ਵਤ ਦੀ ਰਕਮ ਮੌਕੇ ’ਤੇ ਹੀ ਬਰਾਮਦ ਕਰ ਲਈ।

ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਬਠਿੰਡਾ ਰੇਂਜ ਥਾਣੇ ਵਿੱਚ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਅਧੀਨ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਇਸ ਕੇਸ ਸਬੰਧੀ ਅਗਲੀ ਤਫ਼ਤੀਸ਼ ਜਾਰੀ ਹੈ।











Urgently Need New Listings in Brampton/Caledon
visit: www.teamjagaujla.com
Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com
CALL JAG FOR A QUICK & FREE HOME EVALUATION
www.BramptonTopRealtor.com
www.BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA
NEW Listing in *MISSISSAUGA*
Winston Churchill/Collegeway/Council Ring
Approx. 2000 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 3 ਵਾਸ਼ਰੂਮ 2 ਬੈਡਰੂਮ ਫਿਨੀਸ਼ਡ ਬੇਸਮੈਂਟ,3 ਕਾਰ ਪਾਰਕਿੰਗ। No ਕਾਰਪੇਟ। Eat-in ਕੀਁਚਨ with Granite ਕਾਊਂਟਰਟੋਪ। Family Rm with Fireplace, Stainless Steel Appliances. Spacious Living Rm & Bed Rms. Close to Hwy 403 , QEW , Hwy 407
NEW Listing in *BRAMPTON*
James Potter/Queen/Bonnie Brae
Approx. 3000-3500 sq.ft. ਡਿਟੈਚਡ ਹਾਊਸ, 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੈਂਟ,6 ਕਾਰ ਪਾਰਕਿੰਗ। No ਕਾਰਪੇਟ। Double Door Entry, ਕੀਁਚਨ with Granite ਕਾਊਂਟਰਟੋਪ। Oak staircase, ਮਾਸਟਰ ਬੈਡਰੂਮ with 5-ਪੀਸ ਇਨਸੂਇਟ, All Bdrms connected to Wash Rms.
Listed in *BRAMPTON*
Bovaird/Mclaughlin/Fletchers Creek
2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੈਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੂਇਟ, Walk-in ਕਲੋਜ਼ਿਟ, Laundary on 2nd ਫਲੋਰ ਅਤੇ ਬੇਸਮੈਂਟ। Newly ਅਪਗਰੇਡੀਡ।
NEW Listing in *BRAMPTON*
Hwy 10/Sandalwood/Braidwood
50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੂਇਟ ਅਤੇ Walk-in ਕਲੋਜ਼ਿਟ, No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੋਪ, 64"Built-in Fridge, Extra furnance, Heated Garage, Sec camera, storage in backyard.
NEW Listing in *BRAMPTON*
Chinguacousy/Williams Pkwy/Bovaird
ਡਿਟੈਚਡ ਹਾਊਸ Approx. 2000sq.ft., 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੈਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੂਇਟ ਅਤੇ Walk-in ਕਲੋਜ਼ਿਟ, Electric Fireplace, Extended concreted ਡਰਾਈਵੇਅ, storage in backyard, pond & more.
Listed in *MISSISSAUGA*
Burnhamthorpe/Confederation
900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀਁਚਨ ਕੈਬਨਿਟ, ਨਵਾਂ ਪੇਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.
FREE
Full MLS Services
Consistently Marketing Your Property Until SOLD
Staging Consultation
Billboard, Flyer, Newspaper
Online Promotion
Professional Pictures and Virtual Tour
Social media & Radio Advertisement
Open House Until Sold
Competitive Rates, Exceptional Service & Award Winning Results
RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
SEPTEMBER 2022


The Mortgage Centre
We work for you, not the lenders.
Second Mortgage
Debt Consolidation
Renovations & Repairs
Avoiding High penalities
if you are looking for independent mortgage or protection advice....
We're here to help.
* Competitive rates
* Flexible terms
* Fast approval process
No Credit or becon score check.
No income verifiaction.
Interest payments only.
Pay off high interest debts.
75%-80% LTV.
Must have home equity.....
For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5
Rexdale Financial Services


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive Etobicoke ON M9V-3Z7 416-740-3262
21 Lacoste Blvd, Brampton, ON L6P 2K2 905 794-8109
621 Wanless drive, # 122 Brampton ON L7A 0A9 905-495-3336
1075 Ceremonial Drive Mississauga ON L5R 2Z4 905-502-1600
80 Pertosa Drive Brampton ON L5X-5E9 905-460-0009
10510 Torbram Road, Brampton 905-790-0030
2120 North park Drive Brampton ON L6S 0C9 905-793-1338
10 Pannahill Dr, Brampton 905 913-8017